8-Dec.-Page-BNL.qxd 08-Dec-24 9:22 PM Page 1

ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਬਰਨਾਲਾ ਦੀ ਮੀਟਿੰਗ

17 ਨੂੰ ਪੈਨਸ਼ਨਰਜ਼ ਦਾ ਸਨਮਾਨ ਕੀਤਾ ਜਾਵੇਗਾ-ਆਗੂ

ਬਰਨਾਲਾ, 8 ਦਸੰਬਰ (ਅਸ਼ੋਕ ਭਾਰਤੀ)-ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਵਲੋਂ ਮੁਲਾਜ਼ਮ ਅਤੇ ਪੈਨਸ਼ਨਰਜ਼ ਫ਼ਰੰਟ ਪੰਜਾਬ ਦੇ ਸੱਦੇ 'ਤੇ ਸ਼ਹਿਰੀ ਅਤੇ ਦਿਹਾਤੀ ਬਰਨਾਲਾ ਦੀ ਸਾਂਝੀ ਮੀਟਿੰਗ ਜੱਗਾ ਸਿੰਘ ਧਨੌਲਾ ਦੀ ਪ੍ਰਧਾਨਗੀ ਹੇਠ ਮੁੱਖ ਦਫ਼ਤਰ ਧਨੌਲਾ ਰੋਡ ਬਰਨਾਲਾ ਵਿਖੇ ਕੀਤੀ ਗਈ। ਇਸ ਰੈਲੀ ਵਿਚ ਸੈਂਕੜੇ ਸਾਥੀ ਪੂਰੇ ਉਤਸ਼ਾਹ ਨਾਲ ਸ਼ਾਮਿਲ ਹੋਏ। ਇਸ ਰੈਲੀ ਨੁਮਾ ਮੀਟਿੰਗ ਨੂੰ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਦੇ ਬੁਲਾਰੇ ਆਗੂਆਂ ਸ਼ਿੰਦਰ ਧੌਲਾ, ਰੂਪ ਚੰਦ ਤਪਾ, ਗੁਰਚਰਨ ਸਿੰਘ, ਗ਼ੋਗੀ ਸ਼ੰਕਰ ਨੇ ਸੰਬੋਧਨ ਕੀਤਾ। ਆਗੂਆਂ ਰਜਿੰਦਰ ਸਿੰਘ ਖ਼ਿਆਲੀ, ਜਗਦੀਸ਼ ਸਿੰਘ ਨਾਈਵਾਲਾ, ਮੋਹਣ ਸਿੰਘ ਬਕਾਇਆ ਜਾਰੀ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ ਦੇ ਨਾਲ ਨਾਲ ਕੱਚੇ ਕਾਮਿਆਂ ਨੂੰ ਪੱਕਾ ਕਰਨ ਆਦਿ ਦੀਆਂ ਬੁਨਿਆਦੀ ਮੰਗਾਂ ਲਈ ਲਾਮਬੰਦੀ ਜਾਰੀ ਰੱਖਣ ਦੀ ਅਪੀਲ ਕੀਤੀ। ਬੁਲਾਰਿਆਂ ਕਿਹਾ ਕਿ ਪਾਵਰਕਾਮ ਅਤੇ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਸਲੇ ਹੱਲ ਕਰਨ ਪ੍ਰਤੀ ਚੁੱਪ ਧਾਰੀ ਹੋਈ ਹੈ। ਮੁਲਾਜ਼ਮ ਅਤੇ ਪੈਨਸ਼ਨਰਜ਼ ਦੀਆਂ ਮੰਗਾਂ ਸਾਲਾਂ ਬੱਧੀ ਸਮੇਂ ਤੋਂ ਓਵੇਂ ਹੀ ਲਮਕ ਰਹੀਆਂ ਹਨ। ਪਾਵਰਕਾਮ ਪੈਨਸ਼ਨਰਜ਼ ਵਲੋਂ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਗਿਆ। ਇਸ ਸਮੇਂ ਆਗੂਆਂ ਜਗਰਾਜ ਸਿੰਘ, ਬੂਟਾ ਸਿੰਘ, ਅਬਜਿੰਦਰ ਸਿੰਘ, ਜੋਗਿੰਦਰ ਪਾਲ, ਰਾਮ ਸਿੰਘ, ਸ਼ਿੰਗਾਰਾ ਸਿੰਘ, ਗੁਰਜੰਟ ਸਿੰਘ, ਬਲਵੰਤ ਸਿੰਘ, ਸਿਕੰਦਰ ਸਿੰਘ, ਤਰਸੇਮ ਬਾਵਾ ਆਦਿ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਾਰ-ਵਾਰ ਮੀਟਿੰਗਾਂ ਦੇ ਕੇ ਭੱਜ ਰਹੀ ਹੈ। ਇਸ ਲਈ ਬੁਲਾਰਿਆਂ ਨੇ ਚਿਤਾਵਨੀ ਭਰੇ ਲਹਿਜ਼ੇ ਵਿਚ ਕਿਹਾ ਕਿ ਮੰਗਾਂ ਨਾਂ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਕ ਅਹਿਮ ਫ਼ੈਸਲੇ ਰਾਹੀਂ 17 ਦਸੰਬਰ 2024 ਨੂੰ 70 ਸਾਲ ਦਾ ਸਫ਼ਰ ਪੂਰਾ ਕਰਨ ਵਾਲੇ ਪੈਨਸ਼ਨਰਜ਼ ਦਾ ਪਾਵਰਕਾਮ ਪੈਨਸ਼ਨਰਜ਼ ਦੇ ਮੁੱਖ ਦਫ਼ਤਰ ਧਨੌਲਾ ਰੋਡ ਬਰਨਾਲਾ ਵਿਖੇ ਸਨਮਾਨ ਸਮਾਗਮ ਕਰਨ ਦਾ ਫ਼ੈਸਲਾ ਕੀਤਾ ਗਿਆ। ਇਸ ਸਮਾਗਮ ਵਿਚ 70 ਸਾਲ ਪੂਰਾ ਕਰਨ ਵਾਲੇ ਪੈਨਸ਼ਨਰਜ਼ ਅਤੇ ਫੈਮਲੀ ਪੈਨਸ਼ਨਰ ਨੂੰ ਸਨਮਾਨਿਤ ਕੀਤਾ ਜਾਵੇਗਾ।

ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਬਰਨਾਲਾ ਵਲੋਂ ਕੀਤੀ ਗਈ ਮੀਟਿੰਗ ਦੀ ਤਸਵੀਰ। ਅਜੀਤ ਤਸਵੀਰ

ਤਪਾ-ਢਿਲਵਾਂ ਰੋਡ 'ਤੇ ਸਥਿਤ ਬਸਤੀ ਨਿਵਾਸੀਆਂ ਨਾਲ ਮੀਟਿੰਗ ਦੌਰਾਨ ਡੀ.ਐਸ.ਪੀ. ਤਪਾ ਗੁਰਬਿੰਦਰ ਸਿੰਘ ਅਤੇ ਹੋਰ। ਤਸਵੀਰ : ਪ੍ਰਵੀਨ ਗਰਗ

ਨਸ਼ਾ ਇਕ ਅਜਿਹਾ ਜ਼ਹਿਰ ਹੈ, ਜੋ ਘਰਾਂ ਦੇ ਘਰ ਤਬਾਹ ਕਰ ਦਿੰਦਾ ਹੈ-ਡੀ.ਐਸ.ਪੀ. ਗੁਰਬਿੰਦਰ ਸਿੰਘ

ਤਪਾ ਮੰਡੀ, 8 ਦਸੰਬਰ (ਪ੍ਰਵੀਨ ਗਰਗ)-ਨਸ਼ਾ ਇਕ ਅਜਿਹਾ ਜ਼ਹਿਰ ਹੈ, ਜੋ ਘਰਾਂ ਦੇ ਘਰ ਤਬਾਹ ਕਰ ਦਿੰਦਾ ਹੈ। ਜਿਸ ਦੇ ਖ਼ਾਤਮੇ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡੀ.ਐਸ.ਪੀ. ਤਪਾ ਗੁਰਬਿੰਦਰ ਸਿੰਘ ਨੇ ਤਪਾ ਢਿਲਵਾਂ ਰੋਡ 'ਤੇ ਗੈਸ ਏਜੰਸੀ ਨਜ਼ਦੀਕ ਬਸਤੀ ਨਿਵਾਸੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਨਸ਼ੇ ਦਾ ਆਦੀ ਵਿਅਕਤੀ ਨਸ਼ੇ ਦੀ ਪੂਰਤੀ ਲਈ ਕਿਸੇ ਵੀ ਹੱਦ ਤੱਕ ਜਾ ਸਕਦਾ ਹੈ ਕਿਉਂਕਿ ਨਸ਼ਾ ਕਰਨ ਨਾਲ ਉਸ ਦਾ ਦਿਮਾਗ਼ ਕੰਟਰੋਲ 'ਚ ਨਹੀਂ ਰਹਿੰਦਾ, ਜਿਸ ਕਾਰਨ ਉਹ ਚੋਰੀ, ਲੁੱਟਾਂ ਖੋਹਾਂ ਆਦਿ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਲੱਗਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਅਤੇ ਪਬਲਿਕ ਇੱਕਜੁੱਟ ਹੋ ਕੇ ਨਸ਼ੇ ਦੇ ਖ਼ਾਤਮੇ ਸਬੰਧੀ ਵਿੱਢੀ ਹੋਈ ਇਸ ਮੁਹਿਮ 'ਚ ਵੱਧ ਚੜ੍ਹ ਕੇ ਹਿੱਸਾ ਲੈਣ ਤਾਂ ਇੱਕ ਤੰਦਰੁਸਤ ਸਮਾਜ ਦੀ ਸਿਰਜਣਾ ਹੋ ਸਕਦੀ ਹੈ। ਡੀ.ਐਸ.ਪੀ. ਗੁਰਬਿੰਦਰ ਸਿੰਘ ਨੇ ਕਿਹਾ ਕਿ ਅਗਰ ਤੁਹਾਡੇ ਆਸ ਪਾਸ ਜਾਂ ਇਲਾਕੇ 'ਚ ਨਸ਼ੇ ਦਾ ਸੇਵਨ ਕਰਦੇ ਕਿਸੇ ਵੀ ਵਿਅਕਤੀ ਸਬੰਧੀ ਕੋਈ ਸੂਚਨਾ ਮਿਲਦੀ ਹੈ ਤਾਂ ਉਸ ਸਬੰਧੀ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮਾਂ ਰਹਿੰਦੇ ਉਕਤ ਵਿਅਕਤੀ ਨੂੰ ਨਸ਼ੇ ਤੋਂ ਬਚਾਇਆ ਜਾ ਸਕੇ। ਇਸ ਮੌਕੇ ਹਾਜ਼ਰ ਲੋਕਾਂ ਨੇ ਪੁਲਿਸ ਨੂੰ ਵਿਸ਼ਵਾਸ ਦਵਾਇਆ ਕਿ ਉਹ ਨਸ਼ੇ ਦੇ ਖ਼ਾਤਮੇ ਲਈ ਪੁਲਿਸ ਦਾ ਭਰਪੂਰ ਸਹਿਯੋਗ ਕਰਨਗੇ। ਇਸ ਸਮੇਂ ਥਾਣਾ ਮੁਖੀ ਤਪਾ ਸੰਦੀਪ ਸਿੰਘ, ਸਿਟੀ ਇੰਚਾਰਜ ਕਰਮਜੀਤ ਸਿੰਘ, ਹੌਲਦਾਰ ਇਕਬਾਲ ਸਿੰਘ ਤੋਂ ਇਲਾਵਾ ਜੱਗਾ ਸਿੰਘ, ਸੋਨੂੰ ਮੱਲ੍ਹੀ, ਸੋਮਾ ਦੁੱਧ ਵਾਲਾ, ਸੇਠੀ ਆਦਿ ਪਤਵੰਤੇ ਮੌਜੂਦ ਸਨ।

ਬਲਾਕ ਦਫ਼ਤਰ ਸ਼ਹਿਣਾ ਵਿਖੇ ਮੈਡੀਕਲ ਪ੍ਰੈਕਟੀਸ਼ਨਰ ਦੇ ਆਗੂ ਮੀਟਿੰਗ ਕਰਨ ਉਪਰੰਤ। ਤਸਵੀਰ : ਸੁਰੇਸ਼ ਗੋਗੀ

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਸ਼ਹਿਣਾ ਦੀ ਮੀਟਿੰਗ

ਸ਼ਹਿਣਾ, 8 ਦਸੰਬਰ (ਸੁਰੇਸ਼ ਗੋਗੀ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਸ਼ਹਿਣਾ ਦੀ ਮੀਟਿੰਗ ਡਾ: ਜੱਗਾ ਸਿੰਘ ਮੌੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨਾਲ ਜਥੇਬੰਦੀ ਦੀ ਜੋ ਸੂਬਾ ਪੱਧਰੀ ਮੀਟਿੰਗ ਹੋਈ, ਉਸ ਵਿਚ ਜਥੇਬੰਦੀ ਨੂੰ ਭਰੋਸਾ ਦਿਵਾਇਆ ਗਿਆ, ਕਿ ਛੇਤੀ ਪਾਰਟ ਟਾਈਮ ਕਲਾਸਾਂ ਲਾ ਕੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਪਿੰਡਾਂ ਵਿਚ ਸਰਕਾਰੀ ਤੌਰ 'ਤੇ ਕੰਮ ਕਰਨ ਦੀ ਮਾਨਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਥੇਬੰਦੀ ਦਾ ਸਾਲਾਂ ਬੱਧੀ ਸੰਘਰਸ਼ ਅਸਰ ਦਿਖਾਉਣ ਲੱਗਿਆ ਹੈ, ਕਿ ਸਰਕਾਰ ਦੀਆਂ ਨਜ਼ਰਾਂ ਵਿਚ ਪਿੰਡਾਂ ਵਿਚ ਕੰਮ ਕਰਨ ਵਾਲੇ ਡਾਕਟਰਾਂ ਦੀ ਕਦਰ ਪ੍ਰਵਾਨ ਚੜ੍ਹੀ ਹੈ। ਇਸ ਮੀਟਿੰਗ ਵਿਚ ਡਾ: ਅੰਸੁਲ ਗਰਗ ਐਮ.ਐਸ. ਆਰਥੋ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਅਜੋਕੇ ਸਮੇਂ ਦੌਰਾਨ ਔਰਤਾਂ ਅਤੇ ਵਿਅਕਤੀਆਂ ਵਿਚ ਹੱਡੀਆਂ ਦੀਆਂ ਬਿਮਾਰੀਆਂ ਵੱਧ ਜਾਣ ਦੇ ਕਾਰਨਾਂ 'ਤੇ ਚਾਨਣਾ ਪਾਇਆ ਅਤੇ ਹੱਡੀਆਂ ਦੀ ਮਜ਼ਬੂਤੀ ਲਈ ਦੇਸੀ ਖਾਧ ਖ਼ੁਰਾਕ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰੀਰਕ ਕਸਰਤ ਘੱਟ ਜਾਣ ਨਾਲ ਵੀ ਬਿਮਾਰੀਆਂ ਵੱਧ ਰਹੀਆਂ ਹਨ। ਮੀਟਿੰਗ ਵਿਚ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਦਰਸ਼ਨ ਕੁਮਾਰ ਢਿੱਲਵਾਂ, ਸੁਦਾਗਰ ਸਿੰਘ ਭੋਤਨਾ, ਹਰੀ ਸਿੰਘ ਰਾਮਗੜ੍ਹ, ਅੰਗਰੇਜ਼ ਸਿੰਘ ਭੋਤਨਾ, ਅਜੈਬ ਸਿੰਘ ਦੀਪਗੜ੍ਹ, ਰਾਜ ਘੁੰਨਸ, ਚਮਕੌਰ ਸਿੰਘ ਜੈਮਲ ਸਿੰਘ ਵਾਲਾ, ਬਿੱਕਰ ਸਿੰਘ ਬੁਰਜ, ਸਤਪਾਲ ਸਿੰਘ ਚੀਮਾ, ਹਰਪ੍ਰੀਤ ਸਿੰਘ ਚੀਮਾ, ਗੁਰਮੇਲ ਸਿੰਘ ਢਿੱਲਵਾਂ, ਨਰੇਸ਼ ਨਿੰਮ ਵਾਲਾ, ਗੁਰਦੀਪ ਸਿੰਘ ਸੋਚੋਂ ਸੰਧੂ ਕਲ੍ਹਾਂ, ਮੋਦਨ ਸਿੰਘ ਸ਼ਹਿਣਾ, ਗੁਰਦੀਪ ਸਿੰਘ ਮੱਲੀਆਂ, ਹਰਬੰਸ ਸਿੰਘ ਤਾਜੋਕੇ, ਪਰਮਿੰਦਰ ਸਿੰਘ ਤਾਜੋਕੇ, ਵਿਜੇ ਤਪਾ, ਦਰਸ਼ਨ ਸਿੰਘ ਤਾਜੋਕੇ, ਬਲਵੰਤ ਸਿੰਘ ਬੱਲੋਕੇ, ਨਿਰਮਲ ਸਿੰਘ ਕੋਠੇ ਈਸ਼ਰ ਸਿੰਘ ਵਾਲਾ, ਸੁਰਿੰਦਰ ਸਿੰਘ ਬੱਲੋਕੇ, ਚਰਨਜੀਤ ਸਿੰਘ ਮੌੜ ਪਟਿਆਲਾ, ਦਿਲਵਰ ਹੁਸੈਨ ਸ਼ਹਿਣਾ, ਸੱਤਾਰ ਮੁਹੰਮਦ ਬੀਹਲਾ, ਚਮਕੌਰ ਸਿੰਘ ਵਿਧਾਤੇ, ਲੱਖੀ ਸਿੰਘ ਮੌੜ, ਸੰਦੀਪ ਸਿੰਘ ਉੱਗੋਕੇ, ਬੂਟਾ ਸਿੰਘ ਸੰਧੂ ਕਲ੍ਹਾਂ ਵੀ ਹਾਜਰ ਸਨ।

ਸ਼ਫ਼ਾਰੀ ਤੇ ਆਲਟੋ ਕਾਰ ਦੀ ਟੱਕਰ 'ਚ ਦੋ ਮੌਤਾਂ, ਪਰਚਾ ਦਰਜ

ਟੱਲੇਵਾਲ, 8 ਦਸੰਬਰ (ਸੋਨੀ ਚੀਮਾ)-ਥਾਣਾ ਟੱਲੇਵਾਲ ਅਧੀਨ ਪੈਂਦੇ ਪਿੰਡ ਰਾਮਗੜ੍ਹ ਵਿਖੇ ਸ਼ਫ਼ਾਰੀ ਅਤੇ ਆਲਟੋ ਕਾਰ ਦੀ ਟੱਕਰ ਵਿਚ ਪਤੀ ਪਤਨੀ ਦੀ ਮੌਤ ਉਪਰੰਤ ਸ਼ਫ਼ਾਰੀ ਗੱਡੀ ਚਾਲਕ 'ਤੇ ਪਰਚਾ ਦਰਜ ਕੀਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣੇਦਾਰ ਜਗਦੇਵ ਸਿੰਘ ਨੇ ਦੱਸਿਆ ਕਿ ਸੁਨੀਲ ਕੁਮਾਰ ਉਰਫ ਮੰਗਾ ਪੁੱਤਰ ਪ੍ਰੇਮ ਕੁਮਾਰ ਵਾਸੀ ਨੇੜੇ ਐੱਚ.ਪੀ. ਏਜੰਸੀ, ਖੁਰਮਪੁਰ ਮੁਹੱਲਾ ਮਹਿਤਪੁਰਾ ਜ਼ਿਲ੍ਹਾ ਜਲੰਧਰ ਨੇ ਬਿਆਨ ਦਰਜ ਕਰਵਾਏ ਹਨ ਕਿ ਮੇਰਾ ਚਾਚਾ ਦੇਸ ਰਾਜ ਪੁੱਤਰ ਕਰਤਾਰ ਚੰਦ, ਮੇਰੀ ਚਾਚੀ ਭੋਲੀ ਕੌਰ ਪਤਨੀ ਦੇਸ ਰਾਜ, ਉਨ੍ਹਾਂ ਦਾ ਜਵਾਈ ਬਲਜੀਤ ਸਿੰਘ ਅਤੇ ਤਰਸੇਮ ਲਾਲ ਪੁੱਤਰ ਗੁਰਦਾਸ ਰਾਮ ਵਾਸੀ ਈਸਾ ਨਗਰ ਮੁਹੱਲਾ ਆਦਰਾਮਾਨ ਜ਼ਿਲ੍ਹਾ ਜਲੰਧਰ ਆਲਟੋ ਕਾਰ 'ਤੇ ਸਵਾਰ ਹੋ ਕੇ ਭਦੌੜ ਵਿਖੇ ਮੇਰੇ ਚਾਚਾ ਦੇਸ ਰਾਜ ਦੀ ਦਵਾਈ ਲੈਣ ਲਈ ਜਾ ਰਹੇ ਸੀ, ਜਦ ਅਸੀਂ ਮੁੱਖ ਰੋਡ ਬਰਨਾਲਾ ਮੋਗਾ ਬਾਹੱਦ ਰਾਮਗੜ੍ਹ ਪੁੱਜੇ ਤਾਂ ਬਰਨਾਲਾ ਸਾਈਡ ਤੋਂ ਕਾਰ ਮਾਰਕਾ ਸ਼ਫ਼ਾਰੀ ਬੜੀ ਤੇਜ਼ ਰਫ਼ਤਾਰ ਨਾਲ ਆਈ ਤਾਂ ਸਾਡੇ ਦੇਖਦੇ ਦੇਖਦੇ ਕਾਰ ਚਾਲਕ ਨੇ ਕਾਰ ਮਾਰਕਾ ਸ਼ਫ਼ਾਰੀ ਨੂੰ ਬੜੀ ਤੇਜ਼ ਰਫ਼ਤਾਰੀ ਅਤੇ ਅਣਗਹਿਲੀ ਨਾਲ ਲਿਆ ਕੇ ਸਾਡੀ ਕਾਰ ਆਲਟੋ ਉਕਤ ਵਿਚ ਕੰਡਕਟਰ ਸਾਈਡ ਮਾਰ ਦਿੱਤੀ। ਜਿਸ ਕਾਰਨ ਸਾਡੇ ਕਾਫੀ ਸੱਟਾਂ ਲੱਗੀਆਂ ਅਤੇ ਸਾਡੀ ਕਾਰ ਆਲਟੋ ਦਾ ਵੀ ਕਾਫੀ ਨੁਕਸਾਨ ਹੋ ਗਿਆ, ਐਂਬੂਲੈਂਸ ਰਾਹੀਂ ਸਾਨੂੰ ਇਲਾਜ ਲਈ ਸਿਵਲ ਹਸਪਤਾਲ ਬਰਨਾਲਾ ਦਾਖਲ ਕਰਵਾ ਦਿੱਤਾ, ਜਿੱਥੇ ਡਾਕਟਰ ਭੋਲੀ ਕੌਰ, ਦੇਸ ਰਾਜ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਥਾਣੇਦਾਰ ਜਗਦੇਵ ਸਿੰਘ ਨੇ ਦੱਸਿਆ ਕਿ ਉਕਤ ਮਾਮਲੇ ਵਿਚ ਸ਼ਫ਼ਾਰੀ ਚਾਲਕ ਜਸਵੀਰ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਭਾਡੇਵਾਲ ਜ਼ਿਲ੍ਹਾ ਲੁਧਿਆਣਾ 'ਤੇ ਪਰਚਾ ਕਰ ਲਿਆ ਗਿਆ ਹੈ।

ਪਿੰਡ ਰਾਮਗੜ੍ਹ ਵਿਖੇ ਹਾਦਸੇ ਦਾ ਸ਼ਿਕਾਰ ਹੋਈ ਆਲਟੋ ਕਾਰ। ਤਸਵੀਰ : ਸੋਨੀ ਚੀਮਾ

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗੂ ਜਾਣਕਾਰੀ ਦੇਣ ਮੌਕੇ। ਤਸਵੀਰ : ਸੁਰੇਸ਼ ਗੋਗੀ

ਝੋਨੇ ਦੀ ਖਰੀਦ ਦੌਰਾਨ ਮੰਡੀਆਂ 'ਚ ਕਿਸਾਨਾਂ ਦੀ ਹੋਈ ਲੁੱਟ-ਭਾਕਿਯੂ ਕਾਦੀਆਂ

ਸ਼ਹਿਣਾ, 8 ਦਸੰਬਰ (ਸੁਰੇਸ਼ ਗੋਗੀ)-ਝੋਨੇ ਦੇ ਇਸ ਸੀਜ਼ਨ ਦੌਰਾਨ ਕਿਸਾਨਾਂ ਦੀ ਮੰਡੀਆਂ ਵਿਚ ਵੱਡੀ ਲੁੱਟ ਹੋਈ ਹੈ, ਇਹ ਪਹਿਲੀ ਵਾਰ ਦੇਖਿਆ ਕਿ ਕਿਸਾਨਾਂ ਨੂੰ ਆਪਣੀ ਫ਼ਸਲ 6 ਤੋਂ 8 ਕਿੱਲੋ ਕੁਇੰਟਲ ਮਗਰ ਕਾਟ 'ਤੇ ਤੋਲਿਆ ਗਿਆ ਹੈ ਅਤੇ ਮੰਡੀਆਂ ਵਿਚ 20-22 ਦਿਨ ਬੈਠਣਾ ਪਿਆ ਹੈ, ਪਰ ਕਿਸੇ ਨੇ ਕਿਸਾਨਾਂ ਦੀ ਸਾਰ ਨਹੀਂ ਲਈ। ਇਹ ਸ਼ਬਦ ਗੁਰਵਿੰਦਰ ਸਿੰਘ ਨਾਮਧਾਰੀ ਜ਼ਿਲ੍ਹਾ ਪ੍ਰਬੰਧਕ ਸਕੱਤਰ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨੇ ਆਪਣੇ ਸਾਥੀਆਂ ਕੁਲਵੰਤ ਸਿੰਘ ਚੂੰਘਾ, ਗੁਰਜੰਟ ਸਿੰਘ ਬਦਰੇਵਾਲਾ, ਬੂਟਾ ਸਿੰਘ ਮੱਲੀਆਂ ਸਮੇਤ ਪ੍ਰੈੱਸ ਬਿਆਨ ਰਾਹੀਂ ਆਖੇ। ਉਨ੍ਹਾਂ ਕਿਹਾ ਕਿ ਹਰ ਪਾਸੇ ਕਿਸਾਨ ਘਾਟੇ ਵਿਚ ਹਨ, ਕਿਸਾਨ ਪੀਸਿਆ ਜਾ ਰਿਹਾ ਹੈ, ਕਿਸਾਨ ਆਪਣੀਆਂ ਮੰਗਾਂ ਲੈ ਕੇ ਪੈਦਲ ਦਿੱਲੀ ਜਾ ਰਹੇ ਸਨ ਹਰਿਆਣਾ ਸਰਕਾਰ ਨੇ ਤਸ਼ੱਦਦ ਕੀਤਾ ਗਿਆ 8 ਕਿਸਾਨ ਜ਼ਖ਼ਮੀ ਕਰ ਦਿੱਤੇ ਗਏ, ਕਿਸਾਨਾਂ ਦੀ ਕਣਕ ਦੀ ਬਿਜਾਈ ਤੋਂ ਬਾਅਦ ਜੜ੍ਹ ਵਿਚ ਗੁਲਾਬੀ ਸੁੰਡੀ ਪੈ ਗਈ ਹੈ ਪਰ ਕਿਸਾਨਾਂ ਦੀ ਸਰਕਾਰ ਵਲੋਂ ਕੋਈ ਮਦਦ ਨਹੀਂ ਕੀਤੀ ਜਾ ਰਹੀ, ਲੁਧਿਆਣਾ ਵਿਖੇ ਕਾਲਾ ਪਾਣੀ ਮੋਰਚਾ ਵਿਚ ਗਏ ਕਿਸਾਨ ਅਤੇ ਲੋਕਾਂ 'ਤੇ ਪੰਜਾਬ ਸਰਕਾਰ ਨੇ ਤਸ਼ੱਦਦ ਕੀਤਾ ਅਤੇ ਬਿਹਾਰੀ ਲੋਕਾਂ ਨੂੰ ਇਕੱਠੇ ਹੋ ਕੇ ਪੰਜਾਬੀਆਂ ਨੂੰ ਗਾਲਾਂ ਕੱਢਣ ਦਾ ਖੁੱਲ੍ਹਾ ਮੌਕਾ ਦਿੱਤਾ ਗਿਆ। ਕਿਸਾਨਾਂ ਨੂੰ ਕਣਕ ਦੀ ਫ਼ਸਲ ਲਈ ਡੀ.ਏ.ਪੀ. ਨਹੀਂ ਮਿਲਿਆ, ਝੋਨੇ ਸੀਜ਼ਨ ਸਮੇਂ ਕਿਸਾਨਾਂ ਨੂੰ ਨਕਲੀ ਡੀ.ਏ.ਪੀ. ਮਿਲਿਆ ਜਿਸ ਦੇ ਸੈਂਪਲ ਫ਼ੇਲ੍ਹ ਹੋ ਗਏ ਸਨ। ਹੁਣ ਪੰਜਾਬ ਸਰਕਾਰ ਤੋਂ ਕਿਸਾਨਾਂ ਨੂੰ ਕੋਈ ਆਸ ਨਹੀਂ ਰਹੀ। ਇਸ ਮੌਕੇ ਸੁਖਦੇਵ ਸਿੰਘ ਮੱਲੀਆਂ, ਸਤਿਨਾਮ ਸਿੰਘ ਸੱਤੀ, ਧੰਨਾ ਸਿੰਘ ਚੂੰਘਾ, ਮੁਕੰਦ ਸਿੰਘ ਹਾਜਰ ਸਨ।

ਭਾਕਿਯੂ ਏਕਤਾ ਡਕੌਂਦਾ ਵਲੋਂ ਕੀਤੀ ਗਈ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਤਸਵੀਰ। ਅਜੀਤ ਤਸਵੀਰ

ਭਾਕਿਯੂ ਏਕਤਾ ਡਕੌਂਦਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ

ਬਰਨਾਲਾ, 8 ਦਸੰਬਰ (ਅਸ਼ੋਕ ਭਾਰਤੀ)-ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਬਲਾਕ ਬਰਨਾਲਾ ਦੀ ਮਹੀਨਾਵਾਰ ਮੀਟਿੰਗ, ਬਲਾਕ ਪ੍ਰਧਾਨ ਬਾਬੂ ਸਿੰਘ ਖੁੱਡੀ ਕਲਾਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬੀਬੀ ਪ੍ਰਧਾਨ ਕੌਰ ਬਰਨਾਲਾ ਵਿਚ ਹੋਈ। ਮੀਟਿੰਗ ਦੌਰਾਨ ਜ਼ਿਲ੍ਹਾ ਜਨਰਲ ਸਕੱਤਰ ਸਾਹਿਬ ਸਿੰਘ ਬਡਬਰ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਬਰਨਾਲਾ ਨੇ ਦੱਸਿਆ ਕਿ ਪੰਜਾਬ ਅਤੇ ਕੇਂਦਰ ਦੀਆਂ ਸਰਕਾਰਾਂ ਨੇ ਕਿਸਾਨਾਂ ਨਾਲ ਆਪਣੀ ਦੁਸ਼ਮਣੀ ਪੁਗਾਉਂਦਿਆਂ ਇਕ ਤਾਂ ਝੋਨੇ